# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :14-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪੰਜਾਬ ਵਿੱਚ, ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਪੋਲਿੰਗ ਅਮਨੋ – ਅਮਾਨ ਨਾਲ ਪੂਰੀ ਹੋਈ ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਊਰਜਾ ਸੰਭਾਲ ਹੁਣ ਸਿਰਫ਼ ਇੱਕ ਵਿਕਲਪ ਨਹੀਂ, ਸਗੋਂ ਸਮੇਂ ਦੀ ਲੋੜ ਏ । ਰਾਸ਼ਟਰਪਤੀ ਨੇ ਅੱਜ ਰਾਸ਼ਟਰੀ ਊਰਜਾ ਸੰਭਾਲ award ਅਤੇ ਊਰਜਾ ਸੰਭਾਲ 'ਤੇ ਰਾਸ਼ਟਰੀ ਪੇਂਟਿੰਗ ਮੁਕਾਬਲੇ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ।

- ਪੰਜਾਬ ਨੇ ਰਾਸ਼ਟਰੀ ਊਰਜਾ ਸੰਭਾਲ award -2025 ਦੇ ਸੂਬਿਆਂ ਦੀ ਕਾਰਗੁਜ਼ਾਰੀ ਵਰਗ ਵਿਚ ਦੇਸ਼ ਭਰ ਵਿਚੋਂ ਦੂਜਾ ਸਥਾਨ ਕੀਤਾ ਹਾਸਲ.
- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ।

- ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ ਤੀਜਾ twenty-twenty CRICKET ਮੈਚ ਅੱਜ ਹਿਮਾਚਲ ਪ੍ਰਦੇਸ਼ ਦੇ ਧਰਮਸ਼ਾਲਾ ਵਿੱਚ ਖੇਡਿਆ ਜਾਵੇਗਾ।

***ਹੁਣ ਖਬਰਾਂ ਵਿਸਥਾਰ ਨਾਲ***

ਪੰਜਾਬ ਵਿੱਚ, ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਪੋਲਿੰਗ ਖ਼ਤਮ ਹੋ ਗਈ ਏ। ਚੋਣ ਪ੍ਰਕਿਰਿਆ ਵੱਡੇ-ਪੱਧਰ 'ਤੇ ਅਮਨੋ-ਅਮਨ ਨਾਲ ਖ਼ਤਮ ਹੋਈ। ਪੋਲਿੰਗ ਸਵੇਰੇ 8 ਵਜੇ ਸ਼ੁਰੂ ਹੋਈ ਸੀ ਅਤੇ ਸ਼ਾਮੀਂ 4 ਵਜੇ ਤੱਕ ਜਾਰੀ ਰਹੀ। ਵੋਟਾਂ, ਬੈਲਟ ਪੇਪਰਾਂ ਰਾਹੀਂ ਪਾਈਆਂ ਗਈਆਂ। ਇਨਾਂ ਚੋਣਾਂ ਲਈ, ਇੱਕ ਕਰੋੜ 36 ਲੱਖ ਤੋਂ ਵੱਧ ਯੋਗ ਵੋਟਰ ਸਨ। ਆਜ਼ਾਦ ਉਮੀਦਵਾਰਾਂ ਸਮੇਤ 9 ਹਜ਼ਾਰ ਤੋਂ ਵੱਧ ਉਮੀਦਵਾਰ ਚੋਣ ਮੈਦਾਨ ਵਿੱਚ ਨੇ, ਜਿਨ੍ਹਾਂ ਵਿੱਚ ਸੱਤਾਧਾਰੀ ਆਮ ਆਦਮੀ ਪਾਰਟੀ,

ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸ਼ਾਮਲ ਨੇ। ਜ਼ਿਲ੍ਹਾ ਤਰਨ-ਤਾਰਨ 'ਚ 39.3 ਫ਼ੀਸਦੀ, ਮਾਨਸਾ ਵਿੱਚ 53.9 ਫ਼ੀਸਦੀ, ਅੰਮ੍ਰਿਤਸਰ ਵਿੱਚ ਕਰੀਬ 35.4 ਫ਼ੀਸਦੀ ਅਤੇ ਸ੍ਰੀ ਫਤਹਿਗੜ੍ਹ ਸਾਹਿਬ ਵਿੱਚ, 49 ਫ਼ੀਸਦੀ ਪੋਲਿੰਗ ਦਰਜ ਕੀਤੀ ਗਈ। ਇਸੇ ਤਰਾਂ ਬਾਕੀ ਜ਼ਿਲ੍ਹਿਆਂ ਵਿੱਚ ਵੀ ਚੋਣ ਪ੍ਰਕਿਰਿਆ ਅਮਨੋ-ਅਮਾਨ ਨਾਲ ਖ਼ਤਮ ਹੋਈ। ਆਜ਼ਾਦ ਤੇ ਨਿਰਪੱਖ ਚੋਣਾਂ ਯਕੀਨੀ ਬਣਾਉਣ ਲਈ, ਵਿਆਪਕ ਪ੍ਰਬੰਧ ਕੀਤੇ ਗਏ ਸਨ। ਵੋਟਾਂ ਦੀ ਗਿਣਤੀ 17 ਦਸੰਬਰ ਨੂੰ ਹੋਵੇਗੀ।

-------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਊਰਜਾ ਸੰਭਾਲ ਹੁਣ ਸਿਰਫ਼ ਇੱਕ ਵਿਕਲਪ ਨਹੀਂ, ਸਗੋਂ ਸਮੇਂ ਦੀ ਲੋੜ ਏ । ਉਨ੍ਹਾਂ ਕਿਹਾ ਕਿ ਊਰਜਾ ਦੀ ਬਚਾਈ ਗਈ ਹਰ ਇਕਾਈ ਕੁਦਰਤ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਦਰਸਾਉਂਦੀ ਏ । ਅੱਜ ਊਰਜਾ ਸੰਭਾਲ ਦਿਵਸ ਦੇ ਮੌਕੇ 'ਤੇ, ਰਾਸ਼ਟਰਪਤੀ ਨੇ ਨਵੀਂ ਦਿੱਲੀ ਵਿੱਚ ਰਾਸ਼ਟਰੀ ਊਰਜਾ ਸੰਭਾਲ award ਅਤੇ ਊਰਜਾ ਸੰਭਾਲ 'ਤੇ ਰਾਸ਼ਟਰੀ ਪੇਂਟਿੰਗ ਮੁਕਾਬਲੇ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ। ਸਮਾਰੋਹ ਦੌਰਾਨ, ਉਨ੍ਹਾਂ ਕਿਹਾ ਕਿ ਭਾਰਤ ਨੇ ਸਮਾਂ ਸੀਮਾ ਤੋਂ ਪਹਿਲਾਂ ਆਪਣੀਆਂ ਸ੍ਵਛ ਊਰਜਾ ਵਚਨਬੱਧਤਾਵਾਂ ਨੂੰ ਪੂਰਾ

ਕੀਤਾ ਏ। ਇਹ ਊਰਜਾ ਕੁਸ਼ਲਤਾ ਵਿੱਚ ਸੁਧਾਰ ਅਤੇ ਕਾਰਬਨ ਨਿਕਾਸ ਨੂੰ ਘਟਾਉਣ ਵੱਲ ਇੱਕ ਮਹੱਤਵਪੂਰਨ ਪ੍ਰਾਪਤੀ ਨੂੰ ਦਰਸਾਉਂਦਾ ਏ।

byte

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਭਾਰਤ ਦੁਨੀਆ ਦੀਆਂ ਸਭ ਤੋਂ ਤੇਜ਼ੀ ਨਾਲ ਵਧ ਰਹੀਆਂ ਆਰਥਿਕਤਾਵਾਂ ਵਿੱਚੋਂ ਇੱਕ ਏ. ਇਸ ਮੌਕੇ 'ਤੇ, ਕੇਂਦਰੀ ਬਿਜਲੀ ਮੰਤਰੀ ਮਨੋਹਰ ਲਾਲ ਨੇ ਰਾਸ਼ਟਰੀ ਊਰਜਾ ਸੰਭਾਲ award 2025 ਦੇ ਜੇਤੂਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਇਸ ਪ੍ਰੋਗਰਾਮ ਨੂੰ ਵਿਕਾਸ ਅਤੇ ਚੁਗਿਰਦਾ ਸੁਰੱਖਿਆ ਦਾ ਝਲਕਾਰਾ ਦੱਸਿਆ।

-------------------------------------------------------

ਅੱਜ ਰਾਸ਼ਟਰੀ ਊਰਜਾ ਸੰਭਾਲ ਦਿਵਸ ਮੌਕੇ, ਊਰਜਾ ਸਮਰੱਥਾ ਵਾਧੇ ਅਤੇ ਸੰਭਾਲ ਦੇ ਖੇਤਰ ਵਿਚ ਪੰਜਾਬ ਸਰਕਾਰ ਦੇ ਮਿਸਾਲੀ ਯਤਨਾਂ ਨੂੰ ਰਾਸ਼ਟਰੀ ਪੱਧਰ ‘ਤੇ ਮਾਨਤਾ ਪ੍ਰਾਪਤ ਹੋਈ ਏ। ਪੰਜਾਬ ਸੂਬੇ ਨੇ ਰਾਸ਼ਟਰੀ ਊਰਜਾ ਸੰਭਾਲ award -2025 ਦੇ ਸੂਬਿਆਂ ਦੀ ਕਾਰਗੁਜਾਰੀ ਵਰਗ ਵਿੱਚ ਦੇਸ਼ ਭਰ ਵਿਚੋਂ ਦੂਜਾ ਸਥਾਨ ਹਾਸਲ ਕੀਤਾ ਏ। ਪੰਜਾਬ ਦੇ ਨਵੇਂ ਅਤੇ ਨਵਿਆਉਣਯੋਗ ਊਰਜਾ ਵਸੀਲਿਆਂ ਬਾਰੇ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਦਿੱਲੀ ਦੇ ਵਿਗਿਆਨ ਭਵਨ ਵਿਖੇ ਹੋਏ ਰਾਸ਼ਟਰੀ ਊਰਜਾ ਸੰਭਾਲ award 2025 ਸਮਾਰੋਹ ਵਿਚ ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ ਪਾਸੋਂ ਇਹ ਅਹਿਮ award

ਪ੍ਰਾਪਤ ਕੀਤਾ। award ਸਮਾਰੋਹ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਇਸ ਵੱਕਾਰੀ award ਨੂੰ ਜਿੱਤਣ ਸਦਕਾ ਪੰਜਾਬ ਊਰਜਾ ਸਮਰੱਥਾ ਦੇ ਖੇਤਰ ਵਿਚ ਵਧੀਆ ਕਾਰਗੁਜ਼ਾਰੀ ਵਾਲੇ ਦੇਸ਼ ਦੇ ਚੋਟੀ ਦੇ ਸੂਬਿਆਂ ਵਿਚ ਸ਼ਾਮਲ ਹੋ ਗਿਆ ਏ। ਉਨਾਂ ਕਿਹਾ ਕਿ ਪੰਜਾਬ ਦੇ ਖੇਤੀਬਾੜ੍ਹੀ ਖੇਤਰ ਵਿਚ ਸੂਰਜੀ ਊਰਜਾ ਵਾਲੇ 18 ਹਜ਼ਾਰ ਪੰਪ ਲਾਏ ਚੁੱਕੇ ਨੇ ਅਤੇ ਇਸ ਗਿਣਤੀ ਨੂੰ ਹੋਰ ਵਧਾਉਣ ਲਈ ਯਤਨ ਜਾਰੀ ਨੇ. ਇਨ੍ਹਾਂ ਤੋਂ ਇਲਾਵਾ ਛੋਟੇ ਤੇ ਦਰਮਿਆਨੇ ਸਨਅਤੀ ਯੂਨਿਟ ਵਰਗ ਤਹਿਤ ਵੇਰਕਾ ਪਲਾਂਟਾਂ ਵਿਚ 185 ਊਰਜਾਕੁਸ਼ਲ ਤਕਨੀਕ ਦੀਆਂ ਮੋਟਰਾਂ ਲਗਾਈਆਂ ਜਾ ਚੁੱਕੀਆਂ ਨੇ. ਇਨ੍ਹਾਂ ਯਤਨਾਂ ਨੂੰ ਹੋਰ ਅੱਗੇ ਵਧਾਉਂਦਿਆਂ ਸੂਬਾ ਸਰਕਾਰ ਨੇ ਸੂਬੇ ਦੀਆਂ ਸਰਕਾਰੀ ਇਮਾਰਤਾਂ ਵਿਚ ਸੂਰਜੀ ਊਰਜਾ ਦੇ 35 ਮੈਗਾਵਾਟ ਦੀ ਸਮਰੱਥਾ ਦੇ ਰੂਫਟਾਪ ਪ੍ਰਾਜੈਕਟ ਸਫਲਤਾ ਨਾਲ ਕਾਇਮ ਕੀਤੇ ਨੇ. ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਨੇ ਸੂਬੇ ਵਿਚ ਸੰਯੁਕਤ ਜਲਵਾਯੂ ਜ਼ੋਨ ਲਈ ਕੌਮੀ ਊਰਜਾ ਸੰਭਾਲ ਬਿਲਡਿੰਗ ਕੋਡ ਵਿਚ ਸੋਧ ਕਰਕੇ ਪੰਜਾਬ ਊਰਜਾ ਸੰਭਾਲ ਬਿਲਡਿੰਗ ਕੋਡ (ਈ.ਸੀ.ਬੀ.ਸੀ) ਨੂੰ ਨੋਟੀਫਾਈ ਕਰਨ ਦੀ ਪਹਿਲਕਦਮੀ ਕੀਤੀ ਏ। ਊਰਜਾ ਸੰਭਾਲ ਤੇ ਸਮਰੱਥਾ ਵਾਧੇ ਦੇ ਖੇਤਰ ਵਿਚ ਪਹਿਲਕਦਮੀਆਂ ਲਈ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਦੇ ਅਧਿਕਾਰੀਆਂ ਦੀ ਸ਼ਲਾਘਾ ਉਨ੍ਹਾਂ ਕੀਤੀ.

BYTE

---------------------------------------------------------------

ਅੰਮ੍ਰਿਤਸਰ ਦੀ ਕਾਊਂਟਰ ਇੰਟੈਲੀਜੈਂਸ ਨੇ ਵਿਦੇਸ਼ ਅਧਾਰਿਤ  ਤਸਕਰਾਂ ਨਾਲ ਜੁੜੇ ਡਰੱਗ ਸਪਲਾਈ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, 4 ਕਾਰਕੁਨਾਂ ਨੂੰ 4 ਕਿਲੋ ਹੈਰੋਇਨ, 3 ਲੱਖ 90 ਹਜ਼ਾਰ ਰੁਪਏ ਦੀ ਡਰੱਗ ਮਨੀ, ਇੱਕ 32 ਬੋਰ ਪਿਸਤੌਲ, ਮੈਗਜ਼ੀਨ ਤੇ ਪੰਜ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਇਹ ਜਾਣਕਾਰੀ, ਪੰਜਾਬ ਪੁਲਿਸ ਮੁਖੀ, DGP ਗੌਰਵ ਯਾਦਵ ਨੇ ਇਸ ਬਾਰੇ ਵੇਰਵਾ ਦਿੰਦਿਆਂ  ਦੱਸਿਆ ਕਿ, ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਦੀਆਂ ਪੁਲਿਸ ਟੀਮਾਂ ਨੂੰ ਜਾਣਕਾਰੀ ਮਿਲੀ ਸੀ ਕਿ, ਵਿਦੇਸ਼ੀ ਹੈਂਡਲਰ ਲਖਵਿੰਦਰ ਸਿੰਘ ਉਰਫ਼ ਬਾਬਾ ਲੱਖਾ ਦੇ ਸਾਥੀਆਂ ਯੁਵਰਾਜ ਅਤੇ ਵਰਿੰਦਰ ਨੇ ਅਜਨਾਲਾ ਸੈਕਟਰ ਤੋਂ ਹੈਰੋਇਨ ਦੀ ਇੱਕ ਖੇਪ ਪ੍ਰਾਪਤ ਕੀਤੀ ਏ ਅਤੇ ਉਹ ਇਸ ਖੇਪ ਨੂੰ ਅੰਮ੍ਰਿਤਸਰ ਦੇ ਗੁਰਦੁਆਰਾ ਮੋਰਚਾ ਸਾਹਿਬ ਨੇੜੇ ਸ਼ੱਕੀ ਜਗਰੂਪ ਸਿੰਘ ਨੂੰ ਡਿਲੀਵਰ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ, ਪੁਲਿਸ ਟੀਮਾਂ ਨੇ ਜਾਲ ਵਿਛਾਇਆ ਅਤੇ ਤਿੰਨਾਂ ਮੁਲਜ਼ਮਾਂ ਨੂੰ ਨਸ਼ੀਲੇ ਪਦਾਰਥਾਂ ਦੀ ਖੇਪ ਅਤੇ ਪਿਸਤੌਲ ਸਮੇਤ ਗ੍ਰਿਫ਼ਤਾਰ ਕਰ ਲਿਆ।

--------------------------------------------------

ਕੁਦਰਤੀ ਆਫ਼ਤਾਂ ਜਿਵੇਂ ਕਿ ਅਨਿਯਮਿਤ ਬਾਰਿਸ਼, ਤੇਜ਼ੀ ਨਾਲ ਗਲੇਸ਼ੀਅਰ ਪਿਘਲਣਾ, ਅਸਥਿਰ ਢਲਾਣਾਂ, ਅਤੇ ਸੀਮਤ ਅਸਲ-ਸਮੇਂ ਦੇ ਵਾਤਾਵਰਣ ਡੇਟਾ ਨੂੰ ਹੱਲ ਕਰਨ ਲਈ ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ (NIT) ਜਲੰਧਰ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਇੰਜੀਨੀਅਰਿੰਗ ਤੇ ਵਿਗਿਆਨ ਪ੍ਰਣਾਲੀਆਂ ਸਿੱਖਣ ਲਈ ਛੇ ਹਫ਼ਤਿਆਂ ਦਾ ਅੰਤਰਰਾਸ਼ਟਰੀ ਪ੍ਰੋਗਰਾਮ ਸ਼ੁਰੂ ਕੀਤਾ ਏ। ਇਹ ਦੇਸ਼ ਭਰ ਦੇ ਵਿਦਵਾਨਾਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਐਪਲੀਕੇਸ਼ਨਾਂ ਰਾਹੀਂ ਆਫ਼ਤ ਪ੍ਰਬੰਧਨ ਤੇ ਬੁਨਿਆਦੀ ਢਾਂਚੇ ਦੀ ਸੁਰੱਖਿਆ ਸਿੱਖਣ ਵਿੱਚ ਮਦਦ ਕਰੇਗਾ। ਕੈਨੇਡਾ ਦੀ ਬ੍ਰੈਂਡਨ ਯੂਨੀਵਰਸਿਟੀ ਤੋਂ ਅੰਤਰਰਾਸ਼ਟਰੀ ਮਾਹਰ ਪ੍ਰੋਫੈਸਰ ਗੌਤਮ ਸ਼੍ਰੀਵਾਸਤਵ ਨੇ ਪਹਿਲਾ ਭਾਸ਼ਣ ਦਿੱਤਾ। ਡਾ. ਮਹੇਸ਼ ਪਟੇਲ ਤੇ ਡਾ. ਮੋਹਿਤ ਕੁਮਾਰ ਦੀ ਅਗਵਾਈ ਵਿਚ ਇਹ ਪ੍ਰੋਗਰਾਮ ਤਕਨੀਕੀ ਸੈਸ਼ਨਾਂ ਨਾਲ ਜਾਰੀ ਰਹੇਗਾ।

--------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਸਵੇਂ ਪਾਤਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ, ਬਾਬਾ ਫਤਿਹ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ, ਗੁਰਦੁਆਰਾ ਸ਼੍ਰੀ ਫਤਹਿਗੜ੍ਹ ਸਾਹਿਬ ਵਿਖੇ ਸ਼੍ਰੀ

ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ, ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹਜ਼ੂਰੀ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਦੇ ਕੀਰਤਨ ਕੀਤੇ ਗਏ।

---------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਪੈਣ  ਦੀ ਪੇਸ਼ੀਨਗੋਈ ਕੀਤੀ ਏ। ਇਸ ਦੌਰਾਨ, ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਹਵਾ ਦੀ ਗੁਣਵੱਤਾ ਗੰਭੀਰ ਸ਼੍ਰੇਣੀ ਵਿੱਚ ਬਣੀ ਹੋਈ ਏ।

---------------------------------------------------------

ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ ਤੀਜਾ ਟਵੇਂਟੀ - ਟਵੇਂਟੀ ਕ੍ਰਿਕੇਟ  ਮੈਚ ਅੱਜ ਹਿਮਾਚਲ ਪ੍ਰਦੇਸ਼ ਦੇ  ਧਰਮਸ਼ਾਲਾ ਵਿੱਚ ਖੇਡਿਆ ਜਾਵੇਗਾ। ਇਹ ਮੈਚ ਸ਼ਾਮੀਂ 7 ਵਜੇ ਸ਼ੁਰੂ ਹੋਵੇਗਾ। ਪੰਜ ਮੈਚਾਂ ਦੀ ਲੜੀ ਵਿੱਚ, ਦੋਵੇਂ ਟੀਮਾਂ ਇਸ ਸਮੇਂ 1-1 ਨਾਲ ਬਰਾਬਰੀ 'ਤੇ ਏ।

---------------------------------------------------------

ਭਾਰਤ ਨੇ ਦੁਬਈ ਵਿੱਚ ਅੰਡਰ -19 ਏਸ਼ੀਆ ਕੱਪ ਵਿੱਚ ਪਾਕਿਸਤਾਨ ਨੂੰ 90 ਦੌੜਾ ਨਾਲ ਹਰਾ ਦਿੱਤਾ ਏ |

---------------------------------------------------------

- ਪੰਜਾਬ ਵਿੱਚ, ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਪੋਲਿੰਗ ਅਮਨੋ – ਅਮਾਨ ਨਾਲ ਪੂਰੀ ਹੋਈ ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਊਰਜਾ ਸੰਭਾਲ ਹੁਣ ਸਿਰਫ਼ ਇੱਕ ਵਿਕਲਪ ਨਹੀਂ, ਸਗੋਂ ਸਮੇਂ ਦੀ ਲੋੜ ਏ । ਰਾਸ਼ਟਰਪਤੀ ਨੇ ਅੱਜ ਰਾਸ਼ਟਰੀ ਊਰਜਾ ਸੰਭਾਲ award ਅਤੇ ਊਰਜਾ ਸੰਭਾਲ 'ਤੇ ਰਾਸ਼ਟਰੀ ਪੇਂਟਿੰਗ ਮੁਕਾਬਲੇ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ।

- ਪੰਜਾਬ ਨੇ ਰਾਸ਼ਟਰੀ ਊਰਜਾ ਸੰਭਾਲ award -2025 ਦੇ ਸੂਬਿਆਂ ਦੀ ਕਾਰਗੁਜ਼ਾਰੀ ਵਰਗ ਵਿਚ ਦੇਸ਼ ਭਰ ਵਿਚੋਂ ਦੂਜਾ ਸਥਾਨ ਕੀਤਾ ਹਾਸਲ.
- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ।

- ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ ਤੀਜਾ twenty-twenty CRICKET ਮੈਚ ਅੱਜ ਹਿਮਾਚਲ ਪ੍ਰਦੇਸ਼ ਦੇ  ਧਰਮਸ਼ਾਲਾ ਵਿੱਚ ਖੇਡਿਆ ਜਾਵੇਗਾ।

---------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**